# ਪੰਜਾਬ ਸਕੂਲ ਸਿੱਖਿਆ ਬੋਰਡ

## ਰਜਿਸਟ੍ਰੇਸ਼ਨ ਸ਼ਾਖਾ

## ਪ੍ਰੈਸ ਨੋਟ

ਪੰਜਾਬ ਰਾਜ ਦੇ ਪੰਜਾਬ ਸਕੂਲ ਸਿੱਖਿਆ ਬੋਰਡ ਨਾਲ ਸਬੰਧਤ ਸਮੂਹ ਸਕੂਲ ਮੁਖੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਸੈਸ਼ਨ 2023-24 ਲਈ ਪੰਜਵੀਂ ਅਤੇ ਅੱਠਵੀਂ ਸ਼੍ਰੇਣੀ ਦੀ ਆਨ-ਲਾਈਨ ਰਜਿਸਟ੍ਰੇਸ਼ਨ/ਪ੍ਰੀਖਿਆ ਫੀਸ ਭਰਨ ਤੋਂ ਵਾਂਝੇ ਰਹਿ ਗਏ ਵਿਦਿਆਰਥੀਆਂ ਦੇ ਭਵਿੱਖ ਨੂੰ ਮੁੱਖ ਰੱਖਦੇ ਹੋਏ ਇੱਕ ਆਖਰੀ ਮੌਕਾ ਦਿੰਦੇ ਹੋਏ ਰਜਿਸਟਰਡ ਕਰਨ ਲਈ ਆਨ-ਲਾਈਨ ਪੋਰਟਲ ਮੁੜ ਸਕੂਲ ਪੱਧਰ ਤੇ ਚਾਲੂ ਕੀਤਾ ਜਾ ਰਿਹਾ ਹੈ। ਇਸ ਆਨਲਾਈਨ ਪੋਰਟਲ ਵਿੱਚ ਸਰਕਾਰੀ/ ਏਡਿਡ ਸਕੂਲਾਂ ਦੇ ਵਿਦਿਆਰਥੀਆਂ ਦੀ ਰਜਿਸਟਰੇਸ਼ਨ/ ਪ੍ਰੀਖਿਆ ਫੀਸ ਭਰਨ ਲਈ ਸਕੂਲ ਪੱਧਰ ਤੇ ਹੀ ਕੇਵਲ ਬਣਦੀ ਫੀਸ ਨਾਲ ਮਿਤੀ 12-12-2023 ਤੱਕ ਦਾ ਸਮਾਂ ਦਿੱਤਾ ਜਾਂਦਾ ਹੈ। ਉਸ ਉਪਰੰਤ ਜੇਕਰ ਫਿਰ ਵੀ ਕਿਸੇ ਸਕੂਲ ਵੱਲੋਂ ਵਿਦਿਆਰਥੀਆ ਦੀ ਰਜਿਸਟਰੇਸ਼ਨ/ ਪ੍ਰੀਖਿਆ ਫੀਸ ਭਰਨ ਤੋਂ ਰਹਿ ਜਾਂਦੀ ਹੈ ਤਾਂ ਉਸ ਸਕੂਲ ਨੂੰ ਬਣਦੀ ਫੀਸ+1500/- ਰੁਪਏ ਪ੍ਰਤੀ ਵਿਦਿਆਰਥੀ ਜੁਰਮਾਨਾ ਸਕੂਲ ਨੂੰ ਲਗਾਉਂਦੇ ਹੋਏ ਮਿਤੀ 13-12-2023 ਤੋਂ 22-12-2023 ਤੱਕ ਦਾ ਸਮਾਂ ਦਿੱਤਾ ਜਾਂਦਾ ਹੈ।

ਇਸੇ ਤਰ੍ਹਾਂ ਹੀ ਪ੍ਰਾਈਵੇਟ ਸਕੂਲਾਂ (ਐਫੀਲੀਏਟਡ/ ਐਸੋਸੀਏਟਡ) ਦੇ ਵਿਦਿਆਰਥੀਆਂ ਦੇ ਭਵਿੱਖ ਨੂੰ ਮੁੱਖ ਰੱਖਦੇ ਹੋਏ ਰਜਿਸਟਰੇਸ਼ਨ/ ਪ੍ਰੀਖਿਆ ਫੀਸ ਭਰਨ ਤੋਂ ਵਾਂਝੇ ਰਹਿੰਦੇ ਵਿਦਿਆਰਥੀਆਂ ਨੂੰ ਵੀ ਇੱਕ ਆਖਰੀ ਮੌਕਾ ਦਿੰਦੇ ਹੋਏ ਬਣਦੀ ਫੀਸ+1500/- ਰੁਪਏ ਪ੍ਰਤੀ ਵਿਦਿਆਰਥੀ ਜੁਰਮਾਨਾ ਸਕੂਲ ਨੂੰ ਲਗਾਉਂਦੇ ਹੋਏ ਮਿਤੀ 13-12-2023 ਤੋਂ 22-12-2023 ਤੱਕ ਦਾ ਸਮਾਂ ਦਿੱਤਾ ਜਾਂਦਾ ਹੈ।

ਉਕਤ ਦੇ ਮੱਦੇਨਜ਼ਰ ਸਕੂਲ ਮੁੱਖੀਆਂ ਨੂੰ ਅਗਾਉ ਤੌਰ ਤੇ ਸੂਚਿਤ ਕੀਤਾ ਜਾਂਦਾ ਹੈ ਕਿ ਜਾਰੀ ਰਿਵਾਈਜ਼ਡ ਸ਼ਡਿਊਲ ਅਨੁਸਾਰ ਰਜਿਸਟਰੇਸ਼ਨ ਕਰਨ ਤੋਂ ਵਾਂਝੇ ਰਹਿੰਦੇ ਵਿਦਿਆਰਥੀਆਂ ਦੀ ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਦਾ ਕੰਮ ਮਿਤੀ 22-12-2023 ਤੱਕ ਹਰ ਹਾਲ ਵਿੱਚ ਮੁਕੰਮਲ ਕਰਵਾਉਣਾ ਯਕੀਨੀ ਬਣਾਇਆ ਜਾਵੇ। ਆਨ-ਲਾਈਨ ਰਜਿਸਟ੍ਰੇਸ਼ਨ/ਕੰਟੀਨਿਊਸ਼ਨ ਕਰਦੇ ਸਮੇਂ ਜੇਕਰ ਕਿਸੇ ਵਿਦਿਆਰਥੀ ਦੀ ਐਂਟਰੀ ਕਿਸੇ ਵੀ ਕਾਰਨ ਕਰਕੇ ਫਿਰ ਵੀ ਕਰਨ ਤੋਂ ਰਹਿ ਜਾਂਦੀ ਹੈ ਤਾਂ ਉਸਦੀ ਨਿਰੋਲ ਜਿੰਮੇਵਾਰੀ ਸਬੰਧਤ ਸਕੂਲ ਮੁਖੀ/ਕਰਮਚਾਰੀ ਦੀ ਹੀ ਹੋਵੇਗੀ ਕਿਉਂਕਿ ਅਜਿਹੇ ਵਿਦਿਆਰਥੀਆਂ ਨੂੰ ਰਿਵਾਈਜ਼ਡ ਸ਼ਡਿਊਲ ਤੋਂ ਬਾਅਦ ਆਨ-ਲਾਈਨ ਐਂਟਰੀ/ਰਜਿਸਟ੍ਰੇਸ਼ਨ ਕਰਨ ਦਾ ਕੋਈ ਹੋਰ ਮੌਕਾ ਨਹੀਂ ਦਿੱਤਾ ਜਾਵੇਗਾ।

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ) ਬਠਿੰਡਾ

Pu ਨੰ: ਸਾਖ/2023/250 ਮਿਤੀ 07/12/23

ਉਪਰੋਕਤ ਦਾ ਉਤਾਰਾ ਸਮੂਹ ਪ੍ਰਿੰਸੀਪਲ/ ਸਕੂਲ ਮੁਖੀਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿਤ ਭੇਜਿਆ ਜਾਂਦਾ ਹੈ।

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ:ਸਿ) ਬਠਿੰਡਾ।

Scanned by CamScanner

Scanned with OKEN Scanner